ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਸਿਹਤ ਸੰਸਥਾਵਾਂ ਵਿੱਚ ਬੱਚਿਆਂ ਦਾ ਟੀਕਾਕਰਨ ਸ਼ੁਰੂ

ਹਰ ਬੁੱਧਵਾਰ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬੱਚਿਆਂ ਦਾ ਟੀਕਾਕਰਨ ਤੇ ਗਰਭਵਤੀ ਔਰਤਾਂ ਦੀ ਹੁੰਦੀ ਹੈ ਸਿਹਤ ਜਾਂਚ

ਕੋਰੋਨਾ ਤੋਂ ਬਚਾਅ ਲਈ ਵਰਤੀਆਂ ਜਾ ਰਹੀਆਂ ਨੇ ਸਾਰੀਆਂ ਸਾਵਧਾਨੀਆਂ

ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ :

ਜ਼ਿਲ੍ਹਾ ਟੀਕਾਕਰਨ ਅਫਸਰ ਡਾ: ਪ੍ਰਸ਼ੋਤਮ ਦਾਸ ਨੇ ਦੱਸਿਆ ਕਿ ਹਰੇਕ ਬੁੱਧਵਾਰ ਜ਼ਿਲ੍ਹਾ ਹਸਪਤਾਲ ਤੇ ਸਬ ਡਵੀਜ਼ਨਲ ਹਸਪਤਾਲ, ਕਮਿਊਨਿਟੀ ਹੈਲਥ ਸੈਂਟਰ ਅਤੇ ਪ੍ਰਾਇਮਰੀ ਹੈਲਥ ਸੈਂਟਰ ਪੱਧਰ 'ਤੇ ਬੱਚਿਆਂ ਦਾ ਟੀਕਾਕਰਨ ਸ਼ੁਰੂ ਹੋ ਗਿਆ ਹੈ। ਇਸ ਮਮਤਾ ਦਿਵਸ ਦੌਰਾਨ ਬੱਚਿਆਂ ਦਾ ਟੀਕਾਕਰਨ ਅਤੇ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਕੋਵਿਡ-19 ਦੇ ਮੱਦੇਨਜ਼ਰ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਰੀਆਂ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਣਾ ਕੀਤੀ ਜਾਂਦੀ ਹੈ।

ਜ਼ਿਲ੍ਹਾ ਟੀਕਾਕਰਨ ਅਫਸਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਬੱਚਿਆਂ ਦਾ ਟੀਕਾਕਰਨ ਹੋਣ ਵਾਲਾ ਹੈ ਜਾਂ ਗਰਭਵਤੀ ਔਰਤਾਂ ਦਾ ਚੈਕਅੱਪ ਹੋਣ ਵਾਲਾ ਹੈ ਉਹ ਆਪਣੇ ਨਜ਼ਦੀਕੀ ਸਿਹਤ ਸੰਸਥਾ ਵਿੱਚ ਜਾ ਕੇ ਬੱਚਿਆਂ ਦਾ ਟੀਕਾਕਰਨ ਤੇ ਗਰਭਵਤੀ ਔਰਤਾਂ ਦਾ ਚੈਕਅੱਪ ਕਰਵਾ ਸਕਦੇ ਹਨ।

ਡਾ. ਪ੍ਰਸ਼ੋਤਮ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਦਾ ਘਰ ਸਿਹਤ ਸੰਸਥਾ ਤੋਂ ਦੂਰ ਹੈ ਤਾਂ ਔਰਤ ਆਪਣੇ ਨਾਲ ਕਿਸੇ ਪਰਿਵਾਰਕ ਮੈਂਬਰ ਨੂੰ ਲੈ ਕੇ ਸਿਹਤ ਸੰਸਥਾ ਵਿੱਚ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸਿਹਤ ਸੰਸਥਾ ਵਿੱਚ ਜਾਣ ਮੌਕੇ ਆਪਣਾ ਅਤੇ ਆਪਣੇ ਬੱਚੇ ਦਾ ਮੂੰਹ ਤੇ ਨੱਕ ਮਾਸਕ ਜਾਂ ਕੱਪੜੇ ਨਾਲ ਢੱਕ ਕੇ ਰੱਖਣਾ ਯਕੀਨੀ ਬਣਾਇਆ ਜਾਵੇ। ਸਿਹਤ ਸੰਸਥਾ ਵਿੱਚ ਸਿਹਤ ਕਰਮਚਾਰੀਆਂ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਆਪਣੀ ਵਾਰੀ ਦਾ ਇੰਤਜ਼ਾਰ ਕਰਨ ਸਮੇਂ ਉਚਿਤ ਦੂਰੀ ਬਣਾ ਕੇ ਰੱਖੀ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਬਾਹਰਲੇ ਸੂਬਿਆਂ ਤੋਂ ਆ ਰਹੀਆਂ ਕੰਬਾਈਨਾਂ ਨੂੰ ਕੀਤਾ ਜਾ ਰਿਹਾ ਹੈ ਸੈਨੀਟਾਈਜ਼

ਖੇਤੀਬਾੜੀ ਵਿਭਾਗ ਦੀ ਟੀਮ ਨੇ ਰਾਜਪੁਰਾ-ਸਰਹਿੰਦ ਨੈਸ਼ਨਲ ਹਾਈਵੇਅ 'ਤੇ ਲਾਇਆ ਨਾਕਾ

ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤਾ ਜਾ ਰਿਹੈ ਉਪਰਾਲਾ

ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ :

ਖੇਤੀਬਾੜੀ ਵਿਭਾਗ ਵੱਲੋਂ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਬਾਹਰਲੇ ਸੂਬਿਆਂ ਤੋਂ ਆ ਰਹੀਆਂ ਕੰਬਾਈਨਾਂ ਨੂੰ ਸੈਨੀਟਾਈਜ਼ ਕੀਤਾ ਜਾ ਰਿਹਾ ਹੈ ਅਤੇ ਕੰਬਾਈਨ ਚਾਲਕਾਂ ਤੇ ਉਨ੍ਹਾਂ ਨਾਲ ਮੌਜੂਦ ਹੋਰ ਬੰਦਿਆਂ ਨੂੰ ਮੈਡੀਕਲ ਚੈਕਅੱਪ ਕਰਵਾਉਣ ਉਪਰੰਤ ਹੀ ਅੱਗੇ ਭੇਜਿਆ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਇੰਦਰਪਾਲ ਸਿੰਘ ਸੰਧੂ ਵੱਲੋਂ ਗਠਿਤ ਕਮੇਟੀ ਨੇ ਰਾਜਪੁਰਾ ਸਰਹਿੰਦ ਨੈਸ਼ਨਲ ਹਾਈਵੇਅ ਉਤੇ ਪੁਲਿਸ ਪਾਰਟੀ ਦੀ ਸਹਾਇਤਾ ਨਾਲ ਪਿੰਡ ਜਲਵੇੜਾ ਵਿਖੇ ਨਾਕਾਬੰਦੀ ਕੀਤੀ ਗਈ ਹੈ। ਕਮੇਟੀ ਦੇ ਨੋਡਲ ਅਫਸਰ ਡਾ. ਸਤੀਸ਼ ਕੁਮਾਰ, ਖੇਤੀਬਾੜੀ ਵਿਕਾਸ ਅਫਸਰ ਨੂੰ ਲਾਇਆ ਗਿਆ ਹੈ l

ਮੁੱਖ ਖੇਤੀਬਾੜੀ ਅਫਸਰ ਡਾ. ਇੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਦੁਪਹਿਰ ਤੱਕ 05 ਕੰਬਾਇਨਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੈਨੀਟਾਈਜ਼ ਕੀਤਾ ਗਿਆ ਅਤੇ ਇਹ ਨਾਕਾ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗਾ। ਜੇ ਕਿਸੇ ਬਲਾਕ ਵਿੱਚ ਬਾਹਰਲੇ ਸੂਬਿਆਂ ਤੋਂ ਕੰਬਾਇਨ ਕਿਸੇ ਹੋਰ ਰਸਤੇ ਤੋਂ ਆਉਂਦੀ ਹੈ ਤਾਂ ਬਲਾਕ ਅਫਸਰ ਆਪਣੇ ਇਲਾਕੇ ਵਿੱਚ ਮਸ਼ੀਨਾਂ ਸੈਨੀਟਾਈਜ਼ ਕਰਵਾਉਣਗੇ। ਉਨ੍ਹਾਂ ਕਿਹਾ ਕਿ ਸੂਬੇ ਦੇ ਜਿਹੜੇ ਜ਼ਿਲ੍ਹਿਆਂ ਵਿੱਚ ਇਹ ਕੰਬਾਇਨਾਂ ਜਾਣੀਆਂ ਹਨ ਉਨ੍ਹਾਂ ਜ਼ਿਲ੍ਹਿਆਂ ਦੇ ਮੁੱਖ ਖੇਤੀਬਾੜੀ ਅਫਸਰਾਂ ਨੂੰ ਸੂਚਿਤ ਕਰ ਦਿੱਤਾ ਜਾਵੇਗਾ। ਨਾਕਾਬੰਦੀ ਦੌਰਾਨ ਖੇਤੀਬਾੜੀ ਵਿਭਾਗ ਦੇ ਸੁਖਦੇਵ ਸਿੰਘ, ਤੇਜਿੰਦਰ ਸਿੰਘ, ਰਾਜਵੀਰ ਸਿੰਘ ਅਤੇ ਰਣਬੀਰ ਸਿੰਘ ਵੀ ਮੌਜੂਦ ਸਨ।

ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਕਣਕ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ: ਡਿਪਟੀ ਕਮਿਸ਼ਨਰ

ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਤੇ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਵੱਲੋਂ ਮੰਡੀਆਂ ਦਾ ਦੌਰਾ

ਕਣਕ ਦੀ ਖਰੀਦ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ

ਕਣਕ ਦੀ ਵਾਢੀ ਤੇ ਮੰਡੀਆਂ ਵਿੱਚ ਖ਼ਰੀਦ ਦੌਰਾਨ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਬਣਾਈ ਜਾ ਰਹੀ ਹੈ ਯਕੀਨੀ

ਅਮਲੋਹ/ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ

ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਖਰੀਦ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦਿਆ ਜਾਵੇਗਾ। ਇਸ ਸਬੰਧੀ ਜ਼ਿਲ੍ਹੇ ਵਿੱਚ 33 ਮੰਡੀਆਂ ਦੇ ਨਾਲ ਨਾਲ 24 ਸ਼ੈਲਰਾਂ ਦੀ ਵੀ ਖਰੀਦ ਕੇਂਦਰਾਂ ਵਜੋਂ ਵਰਤੋਂ ਕੀਤੀ ਜਾ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਸ਼ੈਲਰਾਂ ਨੂੰ ਵੀ ਇਸ ਘੇਰੇ ਵਿੱਚ ਲਿਆਂਦਾ ਜਾਵੇਗਾ। ਕਣਕ ਦੀ ਵਾਢੀ ਤੇ ਖਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਣਾ ਵੀ ਯਕੀਨੀ ਬਣਾਈ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਅਮਲੋਹ ਅਨਾਜ ਮੰਡੀ ਸਮੇਤ ਜ਼ਿਲ੍ਹੇ ਦੀਆਂ ਵੱਖ ਵੱਖ ਅਨਾਜ ਮਡੀਆਂ ਦਾ ਦੌਰਾ ਕਰਨ ਮੌਕੇ ਕੀਤਾ। ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਵੀ ਉਨ੍ਹਾਂ ਦੇ ਨਾਲ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਣਕ ਦੀ ਵਾਢੀ ਤੇ ਖ਼ਰੀਦ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਮਾਸਕ ਤੇ ਹੋਰ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਦੇ ਨਾਲ ਹੀ ਮਡੀਆਂ ਤੇ ਸ਼ੈਲਰਾਂ ਵਿੱਚ ਫਸਲ ਉਤਾਰਨ ਲਈ ਵਿਸ਼ੇਸ਼ ਮਾਰਕਿੰਗ ਕੀਤੀ ਗਈ ਹੈ ਤਾਂ ਜੋ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲੋੜੀਂਦਾ ਫਾਸਲਾ ਬਣਾ ਕੇ ਰੱਖਿਆ ਜਾ ਸਕੇ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਕਿਸਾਨਾਂ ਨੂੰ ਆੜਤੀਆਂ ਜ਼ਰੀਏ ਟੋਕਨ ਜਾਰੀ ਕੀਤੇ ਗਏ ਹਨ ਅਤੇ ਜਿਹੜੇ ਕਿਸਾਨ ਨੂੰ ਜਿਹੜੇ ਦਿਨ ਦਾ ਟੋਕਨ ਮਿਲੇਗਾ ਉਹ ਉਸੇ ਦਿਨ ਹੀ ਆਪਣੀ ਫਸਲ ਮੰਡੀ ਵਿੱਚ ਲੈ ਕੇ ਆਵੇਗਾ। ਇਸ ਨਾਲ ਮੰਡੀ ਵਿੱਚ ਭੀੜ ਹੋਣ ਤੋਂ ਬਚਾਅ ਹੋਵੇਗਾ ਅਤੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਮੰਡੀਆਂ ਵਿੱਚ ਕਿਸਾਨਾਂ ਦੇ ਬੈਠਣ, ਪੀਣ ਵਾਲੇ ਪਾਣੀ ਅਤੇ ਪਖਾਨਿਆਂ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।

ਡੀ.ਸੀ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖ਼ਿਲਾਫ਼ ਜੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇਣ। ਇਸ ਮੌਕੇ ਐਸ.ਪੀ.(ਡੀ) ਹਰਪਾਲ ਸਿੰਘ, ਐਸ.ਡੀ.ਐਮ. ਅਮਲੋਹ ਆਨੰਦ ਸਾਗਰ ਸ਼ਰਮਾ, ਡੀ.ਐਸ.ਪੀ. ਸੁਖਵਿੰਦਰ ਸਿੰਘ, ਡੀ.ਐਸ.ਪੀ. ਹਰਦੀਪ ਸਿੰਘ ਬਡੂੰਗਰ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਦੀਆਂ ਮੰਡੀਆਂ 'ਚ ਕਣਕ ਦੀ ਆਮਦ ਸ਼ੁਰੂ

ਕਿਸਾਨ ਕੂਪਨਾਂ ਨਾਲ ਹੀ ਵੇਚਣ ਲਈ ਲੈਕੇ ਆਏ ਆਪਣੀ ਫਸਲ

ਖਮਾਣੋਂ ਤੇ ਨਾਨੋਵਾਲ 'ਚ ਹੋਈ ਕਣਕ ਦੀ ਆਮਦ

ਖਮਾਣੋਂ/ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ:
ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲਗਾਏ ਗਏ ਕਰਫਿਊ ਦੌਰਾਨ ਕਣਕ ਦੀ ਫ਼ਸਲ ਦੀ ਖਰੀਦ ਲਈ ਕੀਤੇ ਸੁਚੱਜੇ ਪ੍ਰਬੰਧਾਂ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਈ। ਪਹਿਲੇ ਦਿਨ ਖਮਾਣੋਂ ਮੰਡੀ ਵਿੱਚ 32 ਮੀਟ੍ਰਿਕ ਟਨ ਕਣਕ ਅਤੇ ਨਾਨੋਵਾਲ ਮੰਡੀ ਵਿੱਚ 25 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ ਇੱਥੇ ਕਿਸਾਨ ਆਪਣੀ ਫ਼ਸਲ ਕੇਵਲ ਪਹਿਲਾਂ ਮੁਹੱਈਆ ਕਰਵਾਏ ਗਏ ਕੂਪਨਾਂ ਨਾਲ ਹੀ ਲੈਕੇ ਪੁੱਜੇ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਭਰੋਸਾ ਦਿਵਾਇਆ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਦੇ ਗੇਟਾਂ 'ਤੇ ਤਾਇਨਾਤ ਮਾਰਕੀਟ ਕਮੇਟੀ ਦੇ ਕਰਮਚਾਰੀਆਂ ਅਤੇ ਪੁਲਿਸ ਕਰਮਚਾਰੀਆਂ ਨੇ ਕਿਸਾਨਾਂ ਦੇ ਹੱਥ ਸੈਨੇਟਾਈਜ਼ ਕਰਵਾਏ ਅਤੇ ਬਾਅਦ ਵਿੱਚ ਉਨ੍ਹਾਂ ਦਾ ਕੂਪਨ ਦੇਖਣ ਮਗਰੋਂ ਕਣਕ ਦੀ ਨਮੀ ਚੈਕ ਕਰਕੇ ਹੀ ਮੰਡੀ ਦੇ ਅੰਦਰ ਜਾਣ ਦਿੱਤਾ ਗਿਆ।
ਕਿਸਾਨਾਂ ਨੇ ਕੋਰੋਨਾ ਮਹਾਂਮਾਰੀ ਦੌਰਾਨ ਕਣਕ ਦੀ ਨਿਰਵਿਘਨ ਖਰੀਦ ਲਈ ਕੀਤੇ ਸੁਚੱਜੇ ਪ੍ਰਬੰਧਾਂ ਸਬੰਧੀ ਪੰਜਾਬ ਸਰਕਾਰ ਦੀ ਸ਼ਲਾਘਾ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਆਪਣੀ ਸੁੱਕੀ ਫ਼ਸਲ ਹੀ ਆਪਣੇ ਆੜਤੀਆਂ ਨਾਲ ਤਾਲਮੇਲ ਕਰ ਕੇ ਅਤੇ ਪਾਸ ਨਾਲ ਹੀ ਮੰਡੀਆਂ ਵਿੱਚ ਲੈਕੇ ਆਉਣ ਤਾਂ ਕਿ ਉਨ੍ਹਾਂ ਨੂੰ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਜ਼ਿਲ੍ਹੇ ਦੇ ਖਰੀਦ ਪ੍ਰਬੰਧਾਂ ਨਾਲ ਜੁੜੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਮੰਡੀਆਂ 'ਚ ਆਈ ਕਣਕ ਦੀ ਤੁਰੰਤ ਖਰੀਦ ਕਰ ਕੇ ਲਿਫਟਿੰਗ ਵੀ ਨਾਲੋ-ਨਾਲ ਕਰਵਾਈ ਜਾਵੇ।